# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-03-2025**

ਅੱਜ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾਇਆ ਜਾ ਰਿਹਾ ਏ । ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਇਸ ਮੌਕੇ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਇਹ ਦਿਨ ਔਰਤਾਂ ਦੀਆਂ ਪ੍ਰਾਪਤੀਆਂ ਅਤੇ ਯੋਗਦਾਨ ਨੂੰ ਉਜਾਗਰ ਕਰਨ ਦਾ ਮੌਕਾ ਏ । ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਦੀਆਂ ਭੈਣਾਂ ਅਤੇ ਧੀਆਂ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰ ਰਹੀਆਂ ਨੇ ਅਤੇ ਸਰਕਾਰ ਨੇ ਮਹਿਲਾਵਾਂ ਦੇ ਅਧਿਕਾਰਾਂ, ਸਮਾਨਤਾ ਅਤੇ ਸਸ਼ਕਤੀਕਰਨ ਲਈ ਠੋਸ ਯਤਨ ਕੀਤੇ ਨੇ । ਉਨ੍ਹਾਂ ਦੇਸ਼ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਹਰ ਕਦਮ 'ਤੇ ਔਰਤਾਂ ਦਾ ਸਮਰਥਨ ਕਰਨ ਦਾ ਸੰਕਲਪ ਲੈਣ ਅਤੇ ਇਹ ਸੁਨਿਸ਼ਚਿਤ ਕਰਨ ਕਿ ਵਿਕਾਸ ਦੀ ਇਸ ਯਾਤਰਾ ਵਿੱਚ ਕੋਈ ਵੀ ਔਰਤ ਪਿੱਛੇ ਨਾ ਰਹੇ । ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਅੰਤਰ-

ਰਾਸ਼ਟਰੀ ਮਹਿਲਾ ਦਿਵਸ 'ਤੇ ਵਧਾਈ ਦਿੰਦਿਆਂ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਮਹਿਲਾਵਾਂ ਸਮਾਜ ਦੀ ਰੀੜ੍ਹ ਨੇ ਜੋ ਆਪਣੇ ਸਮਰਪਣ ਅਤੇ ਅਗਵਾਈ ਨਾਲ ਤਬਦੀਲੀ ਲਿਆਉਂਦੀਆਂ ਨੇ । ਸ਼੍ਰੀ ਧਨਖੜ ਨੇ ਕਿਹਾ ਕਿ ਅਸਲ ਵਿਚ ਸਸ਼ਕਤ ਸਮਾਜ ਉਹ ਏ ਜਿਸ ਵਿੱਚ ਮਹਿਲਾਵਾਂ ਵਿਕਾਸ ਅਤੇ ਫੈਸਲਾ ਲੈਣ ਵਿੱਚ ਸਭ ਤੋਂ ਅੱਗੇ ਹੁੰਦੀਆਂ ਨੇ । ਉਨ੍ਹਾਂ ਕਿਹਾ ਕਿ ਔਰਤਾਂ ਦੀ ਅਗਵਾਈ ਵਾਲਾ ਵਿਕਾਸ ਇੱਕ ਵਿਕਸਤ ਭਾਰਤ ਲਈ ਇੱਕ ਬੁਨਿਆਦੀ ਜ਼ਰੂਰਤ ਏ । ਉਪ ਰਾਸ਼ਟਰਪਤੀ ਨੇ ਸਾਰਿਆਂ ਨੂੰ ਮਹਿਲਾਵਾਂ ਲਈ ਇੱਕ ਸਮਾਵੇਸ਼ੀ, ਸਮਾਨ ਅਤੇ ਪ੍ਰਗਤੀਸ਼ੀਲ ਭਵਿੱਖ ਬਣਾਉਣ ਦੇ ਉਦੇਸ਼ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਿਲਾ ਸ਼ਕਤੀ ਨੂੰ ਸਲਾਮ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਹਮੇਸ਼ਾ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਗਰਾਮਾਂ ਰਾਹੀਂ ਔਰਤਾਂ ਨੂੰ ਸਸ਼ਕਤ ਬਣਾਉਣ ਲਈ ਕੰਮ ਕੀਤਾ ਏ । ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਦੀਆਂ ਸੋਸ਼ਲ ਮੀਡੀਆ ਪੋਸਟਾਂ ਨੂੰ ਉਨ੍ਹਾਂ ਔਰਤਾਂ ਦੁਆਰਾ ਸੰਚਾਲਿਤ

ਕੀਤਾ ਜਾਵੇਗਾ, ਜੋ ਵੱਖ ਵੱਖ ਖੇਤਰਾਂ ਵਿੱਚ ਬੇਮਿਸਾਲ ਪ੍ਰਾਪਤੀਆਂ ਕਰ ਰਹੀਆਂ ਨੇ।

-------------------------------------------------------

ਆਕਾਸ਼ਵਾਣੀ ਅੱਜ ਇੱਕ ਵਿਲੱਖਣ ਤਰੀਕੇ ਨਾਲ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾ ਰਿਹਾ ਏ। ਅੱਜ ਅੰਗਰੇਜ਼ੀ ਅਤੇ ਹਿੰਦੀ ਵਿੱਚ ਸਾਰੇ ਸਮਾਚਾਰ ਬੁਲੇਟਿਨ 24 ਘੰਟੇ ਮਹਿਲਾ ਸਮਾਚਾਰ ਵਾਚਿਕਾ ਵਲੋਂ ਪੇਸ਼ ਕੀਤੇ ਜਾ ਰਹੇ ਹਨ ਜੋ ਅੱਜ ਸਾਰਾ ਦਿਨ ਜਾਰੀ ਰਹੇਗਾ। ਅੱਜ ਅੰਗਰੇਜ਼ੀ ਅਤੇ ਹਿੰਦੀ ਨਿਊਜ਼ ਰੂਮ ਦਾ ਪੂਰਾ ਕੰਮ ਵੀ ਮਹਿਲਾ ਕਰਮਚਾਰੀਆਂ ਵਲੋਂ ਸੰਭਾਲਿਆ ਜਾਵੇਗਾ। ਆਕਾਸ਼ਵਾਣੀ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਅੱਜ ਰਾਤ ਸਵਾ 9 ਵਜੇ ਤੋਂ 10 ਵਜੇ ਤੱਕ ਇੱਕ ਵਿਸ਼ੇਸ਼ ਪੈਨਲ ਚਰਚਾ ਵੀ ਪ੍ਰਸਾਰਿਤ ਕਰੇਗਾ।

-------------------------------------------------------

ਪੰਜਾਬ ਵਿਚ ਵੀ ਇਸ ਮੌਕੇ ਕੌਮਾਂਤਰੀ ਮਹਿਲਾ ਦਿਵਸ ਮੌਕੇ ਸਮਾਗਮ ਕੀਤੇ ਜਾ ਰਹੇ ਨੇ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਡਾ. ਗਗਨਦੀਪ ਕੌਰ, ਨੇ ਗੁਰੂ ਨਾਨਕ ਕਾਲਜ ਅਤੇ ਪੰਜਾਬ ਯੂਨੀਵਰਸਿਟੀ

ਖੇਤਰੀ ਕੇਂਦਰ  ਵਿਖੇ ਆਯੋਜਨ ਕੀਤੇ ਗਏ ਅੰਤਰ-ਰਾਸ਼ਟਰੀ ਮਹਿਲਾ ਦਿਵਸ ਦੇ ਪ੍ਰੋਗਰਾਮ ਵਿੱਚ ਭਾਗ ਲਿਆ,  ਜਿਸ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਮੂਹ ਸਟਾਫ ਵੀ ਹਾਜ਼ਰ ਰਹੇ।

-----------------------------------------------------

ਸੀਮਾ ਸੁਰੱਖਿਆ ਬਲ ਨੇ ਪੰਜਾਬ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਬੀਤੀ ਸ਼ਾਮ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵਿੱਚ ਦੋ ਭਾਰਤੀ ਨਸ਼ਾ ਤਸਕਰਾਂ ਨੂੰ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਨਸ਼ਾ ਤਸਕਰਾਂ ਦੀ ਹਰਕਤ ਦਾ ਪਤਾ ਲੱਗਣ 'ਤੇ ਉਨ੍ਹਾਂ ਦਾ ਪਿੱਛਾ ਕਰਕੇ ਉਨ੍ਹਾਂ ਨੂੰ ਕਾਬੂ ਕੀਤਾ ਗਿਆ । ਉਨ੍ਹਾਂ ਕੋਲੋਂ ਤਿੰਨ ਮੋਬਾਈਲ ਫੋਨਾਂ ਦੇ ਨਾਲ ਹੈਰੋਇਨ ਦਾ ਇੱਕ ਪੈਕੇਟ ਬਰਾਮਦ ਹੋਇਆ । ਇਹ ਦੋਨੋ ਅੰਮ੍ਰਿਤਸਰ ਦੇ ਦੋ ਵੱਖ-ਵੱਖ ਪਿੰਡਾਂ ਦੇ ਰਹਿਣ ਵਾਲੇ ਨੇ । ਨਸ਼ੀਲੇ ਪਦਾਰਥ ਦਾ ਪੈਕੇਟ ਸਰਹੱਦ ਪਾਰ ਤੋਂ ਇੱਕ ਪਾਕਿਸਤਾਨੀ ਡਰੋਨ ਵਲੋਂ  ਸੁੱਟਿਆ ਗਿਆ ਸੀ। ਅਗਲੇਰੀ ਜਾਂਚ ਜਾਰੀ ਏ ।

-----------------------------------------------------

ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਜੰਮੂ-ਕਟੜਾ ਐਕਸਪ੍ਰੈੱਸ ਵੇਅ ਨੂੰ

ਜਲਦ ਮੁਕੰਮਲ ਕਰਨ ਦੀਆਂ ਦਿੱਤੀਆਂ ਹਦਾਇਤਾਂ ਤਹਿਤ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਡਾ. ਅਦਿੱਤਿਆ ਉੱਪਲ ਨੇ ਅਧਿਕਾਰੀਆਂ ਨੂੰ ਜੰਮੂ-ਕਟੜਾ ਐਕਸਪ੍ਰੈੱਸ ਵੇਅ ਸਬੰਧੀ ਅੜਚਣਾਂ ਨੂੰ ਦੂਰ ਕਰਕੇ ਐਕਸਪ੍ਰੈੱਸ ਵੇਅ ਨੂੰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਇਸ ਸਬੰਧੀ ਡਿਪਟੀ ਕਮਿਸ਼ਨਰ ਨੇ ਕੱਲ ਸਿਵਲ ਤੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਜਿਹੜੇ ਪਿੰਡਾਂ ਵਿੱਚ ਜੰਮੂ-ਕਟੜਾ ਐਕਸਪ੍ਰੈੱਸ ਵੇਅ ਲਈ ਜ਼ਮੀਨ ਐਕਵਾਇਰ ਹੋ ਗਈ ਏ ਓਥੇ ਐਕਸਪ੍ਰੈੱਸ ਵੇਅ ਨੂੰ ਬਣਾਉਣ ਦਾ ਕੰਮ ਤੁਰੰਤ ਸ਼ੁਰੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਪੈਂਦੇ ਪਿੰਡਾਂ ਦੀ ਅਕਵਾਇਰ ਹੋਈ ਜ਼ਮੀਨ ਦੇ ਭੂਮੀ ਮਾਲਕਾਂ ਜਿਨ੍ਹਾਂ ਵੱਲੋਂ ਹਾਲੇ ਤੀਕ ਮੁਆਵਜ਼ੇ ਦੀ ਰਕਮ ਪ੍ਰਾਪਤ ਨਹੀਂ ਕੀਤੀ ਗਈ ਏ , ਉਹ ਆਪਣੇ ਲੋੜੀਂਦੇ ਦਸਤਾਵੇਜ਼ ਸਬੰਧਿਤ ਤਹਿਸੀਲ ਦਫ਼ਤਰ ਵਿੱਚ ਤੁਰੰਤ ਜਮਾਂ ਕਰਵਾਉਣ ਤਾਂ ਜੋ ਇਸ ਅਕਵਾਇਰ ਕੀਤੀ ਗਈ ਜ਼ਮੀਨ ਦੇ ਮੁਆਵਜ਼ੇ ਦੀ ਰਕਮ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮਾਂ ਕਰਵਾਈ ਜਾ ਸਕੇ।

--------------------------------------------------

‘ਯੁੱਧ ਨਸ਼ਿਆ ਵਿਰੁੱਧ’ ਮੁਹਿੰਮ ਨੂੰ ਤਹਿਤ ਪੰਜਾਬ ਪੁਲਿਸ ਨੇ ਕਲ ਇੱਕ ਵਿਸ਼ੇਸ਼ ਅਪ੍ਰੇਸ਼ਨ ਸੀਲ-9’ ਚਲਾਇਆ । ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀ.ਜੀ.ਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਚਾਰ ਸਰਹੱਦੀ ਸੂਬਿਆਂ ਅਤੇ ਚੰਡੀਗੜ੍ਹ ਨਾਲ ਸਰਹੱਦਾਂ ਸਾਂਝੀਆਂ ਕਰਨ ਵਾਲੇ 10 ਜ਼ਿਲ੍ਹਿਆਂ ਦੇ ਲਗਭਗ 84 ਦਾਖਲਾ ਹੋਣ/ਬਾਹਰ ਜਾਣ ਵਾਲੇ ਪੁਆਇੰਟਾਂ ’ਤੇ ਮਜ਼ਬੂਤ ਨਾਕੇ ਲਗਾਏ ਗਏ ਸਨ।ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ ਇਕ ਕਿਲੋ ਤੋਂ ਵੱਧ ਹੈਰੋਇਨ, 9 ਕਿਲੋ ਤੋਂ ਵੱਧ ਅਫੀਮ, 3 ਕਿਲੋ ਗਾਂਜਾ, 46 ਕਿਲੋਗ੍ਰਾਮ ਭੁੱਕੀ, 7 ਹਜ਼ਾਰ 91 ਨਸ਼ੀਲੀਆਂ ਗੋਲੀਆਂ ਤੇ ਟੀਕੇ ਅਤੇ ਇਕ ਲਖ 32 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ ।

--------------------------------------------------

ਯੁੱਧ ਨਸ਼ਿਆਂ ਵਿਰੁੱਧ’ ਦੌਰਾਨ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਦੇ ਉਦੇਸ਼ ਨਾਲ ਪੰਜਾਬ ਪੁਲਿਸ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ

ਅਤੇ ਐਜੂਕੇਸ਼ਨਲ ਮਲਟੀਮੀਡੀਆ ਰਿਸਰਚ ਸੈਂਟਰ ਨਾਲ ਗਠਜੋੜ ਕੀਤਾ ਏ , ਜਿਸ ਤਹਿਤ ਸੂਬੇ ਭਰ ਦੇ ਸਕੂਲਾਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ 10 ਘੰਟੇ ਦਾ ਵਿਆਪਕ ਨਸ਼ਾ ਵਿਰੋਧੀ ਜਾਗਰੂਕਤਾ ਕੋਰਸ ਸ਼ੁਰੂ ਕੀਤਾ ਜਾਵੇਗਾ। ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੀ ਮੌਜੂਦਗੀ ਵਿੱਚ ਏਡੀਜੀਪੀ ਨਸ਼ਾ ਵਿਰੋਧੀ ਕਾਰਜ ਬਲ ਦੇ ADGP ਨੀਲਾਭ ਕਿਸ਼ੋਰ, ਰਜਿਸਟਰਾਰ ਪੰਜਾਬੀ ਯੂਨੀਵਰਸਿਟੀ ਪ੍ਰੋ. ਸੰਜੀਵ ਪੁਰੀ ਅਤੇ ਡਾਇਰੈਕਟਰ EMRC ਦਲਜੀਤ ਅਮੀ ਵਿਚਕਾਰ ਸਮਝੌਤਾ ਸਹੀਬੱਧ ਕੀਤਾ ਗਿਆ।